


ਰੋਜ਼ਾਨਾ

ਸੱਚ ਤੇ ਨਿਡਰ ਆਵਾਜ

# ਲੋਕ ਬਾਣੀ

Email : Lokbani08@gmail.com

4 ਅਪ੍ਰੈਲ 2023

ਮੁੱਖ ਸੰਪਾਦਕ : - ਅਮਨ ਮਹਿਰਾ (ਜਲੰਧਰ)



ਹਰ ਦਿਨ ਪੰਜਾਬ ਭਰ 'ਚੋਂ ਅਦਾਰੇ ਨੂੰ ਮਿਲ ਰਹੇ ਪਿਆਰ ਅਤੇ ਸਹਿਯੋਗ ਦਾ ਦਿਲੋਂ ਧੰਨਵਾਦ

ਮੁੱਖ ਸੰਪਾਦਕ : ਅਮਨਦੀਪ ਮਹਿਰਾ

R.N.I. /Punpun/29016/2008/ ● ਸਾਲ : 15 ● ਅੰਕ : 92 ● ਮੁੱਲ : 5.00 ਰੁਪਏ ● ਕੁੱਲ ਪੇਜ : 10 ● ਫੈਕਸ: 0181-2211009, 99155-94111

## ਅਮਰੀਕਾ 'ਚ ਆਇਆ ਤੂਫਾਨ, ਕਈ ਉਡਾਣਾਂ ਰੱਦ

**ਕੈਲੀਫੋਰਨੀਆ/ਲੋਕ ਬਾਣੀ**
ਇਸ ਖੇਤਰ ਵਿਚ ਤੂਫਾਨ ਆਉਣ ਦੀ ਪੇਸ਼ੀਨਗੋਈ ਤੋਂ ਬਾਅਦ ਵੱਖ ਵੱਖ ਏਅਰਲਾਈਨਾਂ ਨੇ ਵੱਡੀ ਗਿਣਤੀ ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਹਨ ਤੇ ਕਈਆਂ ਦੇ ਸਮੇਂ ਵਿਚ ਤਬਦੀਲੀ ਕੀਤੀ ਗਈ ਹੈ।



## ਭਾਰਤ ਵਿੱਚ ਕੋਰੋਨਾ ਦੇ ਕੇਸਾਂ ਵਿੱਚ ਹੋ ਰਿਹਾ ਹੈ ਲਗਾਤਾਰ ਵਾਧਾ




**ਦਿੱਲੀ/ਕਪੂਰ :** ਦੇਸ਼ ਦੇ ਕਈ ਖੇਤਰਾਂ ਵਿਚ ਕਰੋਨਾ ਮਾਮਲੇ ਲਗਾਤਾਰ ਵਧ ਰਹੇ ਹਨ। ਇਥੇ ਕਰੋਨਾ ਦੇ ਨਵੇਂ 3,641 ਨਵੇਂ ਕੇਸ ਸਾਹਮਣੇ ਆਏ ਹਨ ਤੇ ਐਕਟਿਵ ਕੇਸਾਂ ਦੀ ਕੁੱਲ ਗਿਣਤੀ 20219 ਹੋ ਗਈ ਹੈ। ਇਹ ਜਾਣਕਾਰੀ ਕੇਂਦਰੀ ਸਿਹਤ ਮੰਤਰਾਲੇ ਵਲੋਂ ਦਿੱਤੀ ਗਈ। ਸਿਹਤ ਵਿਭਾਗ ਨੇ ਲੋਕਾਂ ਨੂੰ ਇਹਤਿਹਾਤ ਵਰਤਣ ਦੀ ਵੀ ਸਲਾਹ ਦਿੱਤੀ ਹੈ।

## ਰਾਹੁਲ ਨੂੰ ਮਿਲੀ 13 ਤੱਕ ਜ਼ਮਾਨਤ



**ਸੂਰਤ/ਲੋਕ ਬਾਣੀ :** ਕਾਂਗਰਸ ਆਗੂ ਰਾਹੁਲ ਗਾਂਧੀ ਨੂੰ ਅੱਜ ਸੂਰਤ ਦੀ ਅਦਾਲਤ ਨੇ ਮਾਣਹਾਨੀ ਮਾਮਲੇ ਵਿਚ 13 ਅਪਰੈਲ ਤਕ ਜ਼ਮਾਨਤ ਦੇ ਦਿੱਤੀ ਹੈ। ਅਦਾਲਤ ਨੇ ਮਾਮਲੇ ਦੀ ਅਗਲੀ ਸੁਣਵਾਈ 3 ਮਈ ਨਿਰਧਾਰਿਤ ਕੀਤੀ ਹੈ। ਰਾਹੁਲ ਗਾਂਧੀ ਵਲੋਂ ਸੂਰਤ ਦੀ ਸੈਸ਼ਨ ਕੋਰਟ ਵਿਚ ਦੋ ਅਰਜ਼ੀਆਂ ਦਿੱਤੀਆਂ ਗਈਆਂ ਸਨ। ਇੱਕ ਵਿਚ ਮਾਣਹਾਨੀ ਦੇ ਕੇਸ ਵਿੱਚ ਮਿਲੀ ਸਜ਼ਾ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ ਤੇ ਦੂਜੀ ਵਿਚ ਨਿਯਮਤ ਜ਼ਮਾਨਤ ਦੀ ਮੰਗ ਕੀਤੀ ਗਈ ਸੀ।

## ਜਾਂਚ ਏਜੰਸੀਆ ਨੇ ਗੈਂਗਸਟਰਾਂ ਦੀ ਸੂਚੀ ਕੇਂਦਰ ਨੂੰ ਦਿੱਤੀ

**ਜਲੰਧਰ/ਰਾਕੇਸ਼ ਵਰਮਾ**
ਕੇਂਦਰੀ ਜਾਂਚ ਏਜੰਸੀ ਨੇ 28 ਗੈਂਗਸਟਰਾਂ ਦੀ ਸੂਚੀ ਗ੍ਰਹਿ ਮੰਤਰਾਲੇ ਨੂੰ ਸੌਂਪੀ ਗਈ ਹੈ। ਇਨਾਂ ਗੈਂਗਸਟਰਾਂ ਦਾ ਸਬੰਧ ਪੰਜਾਬ, ਉੱਤਰ ਪ੍ਰਦੇਸ਼, ਦਿੱਲੀ, ਹਰਿਆਣਾ, ਰਾਜਸਥਾਨ ਤੇ ਹੋਰ ਰਾਜਾਂ ਨਾਲ ਹੈ ਜੋ ਵਿਦੇਸ਼ਾਂ ਵਿਚ ਰਹਿ ਕੇ ਭਾਰਤ ਵਿਚ ਟਾਰਗੇਟ ਕਿਲਿੰਗ ਤੇ ਫਿਰੌਤੀ ਦੀਆਂ



ਕਾਰਵਾਈਆਂ ਕਰ ਰਹੇ ਹਨ। ਇਨਾਂ ਗੈਂਗਸਟਰਾਂ ਨੂੰ ਭਾਰਤ ਲਿਆਉਣ ਦੀ ਰਣਨੀਤੀ ਉਲੀਕੀ ਜਾ ਰਹੀ ਹੈ। ਇਨਾਂ ਗੈਂਗਸਟਰਾਂ ਵਿਚ ਗੋਲਡੀ ਬਰਾੜ, ਅਨਮੋਲ ਬਿਸ਼ਨੋਈ, ਕੁਲਦੀਪ ਸਿੰਘ ਢੁਏਈ, ਜਗਜੀਤ ਸਿੰਘ ਮਲੇਸ਼ੀਆ, ਧਰਮ ਅਮਰੀਕਾ, ਰੋਹਿਤ ਗੋਦਾਰਾ ਆਦਿ ਦੇ ਨਾਮ ਸ਼ਾਮਲ ਹਨ।

## 6 ਅਪ੍ਰੈਲ ਤੋਂ ਸ਼ੁਰੂ ਹੋਵੇਗੀ ਅੰਮ੍ਰਿਤਸਰ-ਕੈਨੇਡਾ ਲਈ ਉਡਾਣ




**ਅੰਮ੍ਰਿਤਸਰ/ਵਿਰਦੀ**
ਨਿਓਸ ਏਅਰਲਾਈਨਜ਼ 6 ਅਪ੍ਰੈਲ ਤੋਂ ਅੰਮ੍ਰਿਤਸਰ ਤੋਂ ਕੈਨੇਡਾ ਲਈ ਉਡਾਣ ਸ਼ੁਰੂ ਕਰ ਰਹੀ ਹੈ। ਇਸ ਉਡਾਣ ਦੇ ਸ਼ੁਰੂ ਹੋਣ ਨਾਲ ਅੰਮ੍ਰਿਤਸਰ ਤੋਂ ਟੋਰਾਂਟੋ ਦਾ ਸਫਰ 21 ਘੰਟਿਆਂ ਵਿੱਚ ਪੂਰਾ ਹੋ ਜਾਵੇਗਾ। ਵਿਦੇਸ਼ਾਂ ਵਿੱਚ ਵਸਦੇ ਲੱਖਾਂ ਪੰਜਾਬੀਆਂ ਨੂੰ ਇਸ ਦਾ ਲਾਭ ਮਿਲੇਗਾ। ਜਾਣਕਾਰੀ ਮੁਤਾਬਕ ਇਹ ਫਲਾਈਟ ਸਭ ਤੋਂ ਪਹਿਲਾਂ ਮਿਲਾਨ ਏਅਰਪੋਰਟ 'ਤੇ ਰੁਕੇਗੀ। 4 ਘੰਟੇ ਦੇ ਠਹਿਰਨ ਤੋਂ ਬਾਅਦ ਫਲਾਈਟ ਟੋਰਾਂਟੋ ਦੇ ਪੀਅਰਸਨ ਏਅਰਪੋਰਟ ਲਈ ਰਵਾਨਾ ਹੋਵੇਗੀ। ਇਹ ਏਅਰਲਾਈਨ ਹਰ ਵੀਰਵਾਰ ਸਵੇਰੇ 3.15 ਵਜੇ ਅੰਮ੍ਰਿਤਸਰ ਤੋਂ ਰਵਾਨਾ ਹੋਵੇਗੀ। ਇਸ ਦੀ ਯਾਤਰਾ 21 ਘੰਟਿਆਂ ਵਿੱਚ ਪੂਰੀ ਹੋਵੇਗੀ। ਇਹ ਉਡਾਣ ਵੀ ਵੀਰਵਾਰ ਨੂੰ ਹੀ ਟੋਰਾਂਟੋ ਤੋਂ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਹਵਾਈ ਅੱਡੇ 'ਤੇ ਵਾਪਸ ਆ ਜਾਵੇਗੀ।

## ਹਰਿਆਣਾ 'ਚ ਕੋਰੋਨਾ ਦੇ ਅਲਰਟ ਕਾਰਨ ਕੀਤੀ ਗਈ ਬੈਠਕ



**ਚੰਡੀਗੜ੍ਹ/ਵਿਨੋਦ ਸ਼ਰਮਾ**
ਦੇਸ਼ ਵਿੱਚ ਇੱਕ ਵਾਰ ਫਿਰ ਤੋਂ ਪੈਰ ਪਸਾਰ ਰਹੇ ਕੋਰੋਨਾ ਵਾਇਰਸ ਨੇ ਸਰਕਾਰ ਦੀ ਚਿੰਤਾ ਵਧਾ ਦਿੱਤੀ ਹੈ। ਕੋਰੋਨਾ ਦੇ ਵਧਦੇ ਮਾਮਲਿਆਂ ਦੇ ਮੱਦੇਨਜ਼ਰ ਕਈ ਰਾਜਾਂ ਵਿੱਚ ਮਾਸਕ ਪਹਿਨਣਾ ਲਾਜ਼ਮੀ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਹਰਿਆਣਾ ਸਰਕਾਰ ਵੀ ਕੋਰੋਨਾ ਨੂੰ ਲੈ ਕੇ ਅਲਰਟ ਹੋ ਗਈ ਹੈ। ਹਰਿਆਣਾ ਸਰਕਾਰ ਨੇ ਅੱਜ ਕੋਰੋਨਾ ਨੂੰ ਲੈ ਕੇ ਸਮੀਖਿਆ ਬੈਠਕ ਬੁਲਾਈ ਹੈ।



## ਝਾਰਖੰਡ 'ਚ ਪੁਲਿਸ ਨੇ ਕੀਤੇ 5 ਨਕਸਲੀ ਹਲਾਕ

**ਰਾਂਚੀ/ਲੋਕ ਬਾਣੀ**
ਝਾਰਖੰਡ ਦੇ ਚਤਰਾ ਵਿਚ ਨਕਸਲੀਆਂ ਨਾਲ ਪੁਲੀਸ ਦਾ ਮੁਕਾਬਲਾ ਹੋਇਆ ਜਿਸ ਵਿਚ ਪੰਜ ਨਕਸਲੀ ਮਾਰੇ ਗਏ। ਇਨਾਂ 'ਚੋਂ ਦੋ 'ਤੇ 25-25 ਲੱਖ ਰੁਪਏ ਦੇ ਅਤੇ ਦੋ 'ਤੇ 5-5 ਲੱਖ ਦੇ ਇਨਾਮ ਸਨ। ਇਨਾਂ ਕੋਲੋਂ ਦੋ ਏ.ਕੇ. 47 ਵੀ ਬਰਾਮਦ ਹੋਈਆਂ ਹਨ। ਪੁਲੀਸ ਦੀ ਕਾਰਵਾਈ ਹਾਲੇ ਵੀ ਜਾਰੀ ਹੈ।

## ਪੰਜਾਬ ਦੇ ਮਾਹੌਲ ਨੂੰ ਲੈ ਕੇ ਭਾਕਿਯੂ ਏਕਤਾ ਉਗਰਾਹਾਂ ਵੱਲੋਂ ਕੀਤਾ ਗਿਆ ਰੋਸ ਪ੍ਰਦਰਸ਼ਨ

**ਬਠਿੰਡਾ/ਲੋਕ ਬਾਣੀ**
ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵਲੋਂ ਪੰਜਾਬ ਵਿਚ ਸਿਰਜੇ ਜਾ ਰਹੇ ਦਹਿਸ਼ਤੀ ਮਾਹੌਲ ਖ਼ਿਲਾਫ਼ ਡਿਪਟੀ ਕਮਿਸ਼ਨਰ ਬਠਿੰਡਾ ਨੂੰ ਮੰਗ-ਪੱਤਰ ਦੇਣ ਉਪਰੰਤ ਸਥਾਨਕ ਗੋਲ ਡਿੱਗੀ ਤੱਕ ਮੁਜ਼ਾਹਰਾ ਕੀਤਾ ਗਿਆ।



## ਮੂਸੇਵਾਲਾ ਦੇ ਪਿੰਡ ਪਹੁੰਚੇ ਨਵਜੋਤ ਸਿੱਧੂ

**ਮਾਨਸਾ/ਲੋਕ ਬਾਣੀ**
ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਮਰਹੂਮ ਪੰਜਾਬੀ ਗਾਇਕ ਸਿੱਧੂ ਮੂਸੇਵਾਲੇ ਦੇ ਪਿਤਾ ਨੂੰ ਮਿਲਣ ਲਈ ਉਨਾਂ ਦੇ ਮੂਸਾ ਸਥਿਤ ਘਰ ਪੁੱਜੇ। ਉਹ ਮੂਸੇਵਾਲਾ ਦੀ ਮੌਤ ਦਾ ਮਾਪਿਆਂ ਨਾਲ ਦੁੱਖ ਪ੍ਰਗਟ ਕਰਨ ਲਈ ਪੁੱਜੇ ਹਨ। ਜਦੋਂ ਪੰਜਾਬੀ ਗਾਇਕ ਦੀ ਪਿਛਲੇ ਸਾਲ 29 ਮਈ ਨੂੰ ਹੱਤਿਆ ਕੀਤੀ ਗਈ ਸੀ ਤਾਂ ਉਹ ਉਸ ਵੇਲੇ ਉਹ ਪਟਿਆਲਾ ਜੇਲ ਵਿਚ ਬੰਦ ਸਨ। ਉਹ ਦੋ ਦਿਨ ਪਹਿਲਾਂ ਹੀ ਜੇਲ ਤੋਂ ਰਿਹਾਅ ਹੋਏ ਹਨ।

## ਭਾਰਤ ਪਹੁੰਚੇ ਭੂਟਾਨ ਦੇ ਰਾਜਾ

**ਦਿੱਲੀ/ਕਪੂਰ**
ਭੂਟਾਨ ਦੇ ਰਾਜਾ ਜਿਗਮੇ ਖੇਸਰ ਨਾਮਗਾਇਲ ਵਾਂਗਚੁੱਕ ਭਾਰਤ ਪਹੁੰਚੇ। ਭਾਰਤੀ ਵਿਦੇਸ਼ ਮੰਤਰੀ ਐਸ. ਜੈਸ਼ੰਕਰ ਵਲੋਂ ਉਨਾਂ ਦਾ ਇੱਥੇ ਪਹੁੰਚਣ 'ਤੇ ਸਵਾਗਤ ਕੀਤਾ ਗਿਆ। ਦੱਸ ਦਈਏ ਕਿ ਭੂਟਾਨ ਦੇ ਰਾਜਾ 5 ਅਪ੍ਰੈਲ ਤੱਕ ਭਾਰਤੀ ਦੌਰੇ 'ਤੇ ਹਨ।



JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ ®
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
82880 21797
82880 21798
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ
ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111